ਡਿਪਟੀ ਕਮਿਸ਼ਨਰ ਵੱਲੋਂ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਾ ਕੇ ਵਾਤਾਵਰਣ ਅਤੇ ਮਨੁੱਖਤਾ ਪ੍ਰਤੀ ਸੰਜੀਦਗੀ ਦਿਖਾਉਣ ਦੀ ਅਪੀਲ

ਜ਼ਿਲ੍ਹੇ ਦੇ 8 ਬਲਾਕਾਂ ਵਿੱਚ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਜਾਗਰੂਕਤਾ ਵੈਨਾਂ ਨੂੰ ਹਰੀ ਝੰਡੀ ਦੇ ਕੀਤਾ ਰਵਾਨਾ

ਤਰਨਤਾਰਨ, 25 ਸਤੰਬਰ-

ਜ਼ਿਲ੍ਹੇ ਦੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਅਤੇ ਹੋਰ ਫ਼ਸਲੀ ਰਹਿੰਦ-ਖੂੰਹਦ ਨੂੰ ਅੱਗ ਨਾ ਲਾ ਕੇ ਵਾਤਾਵਰਣ ਅਤੇ ਮਨੁੱਖਤਾ ਪ੍ਰਤੀ ਸੰਜੀਦਗੀ ਦਿਖਾਉਣ ਦੀ ਅਪੀਲ ਕਰਦਿਆਂ ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤਰਨਤਾਰਨ ਤੋਂ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਦੇ ਪਿੰਡਾਂ ਵਿੱਚ ਜਾ ਕੇ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਲਗਾਉਣ ਤੋਂ ਰੋਕਣ ਅਤੇ ਅੱਗ ਤੋਂ ਹੋਣ ਵਾਲੇ ਨੁਕਸਾਨਾਂ ਤੋਂ ਜਾਣੂ ਕਰਵਾਉਣ ਲਈ ਜਾਗਰੂਕਤਾ ਵੈਨਾਂ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਸੰਦੀਪ ਰਿਸ਼ੀ, ਮੁੱਖ ਖੇਤੀਬਾੜੀ ਅਫ਼ਸਰ ਪ੍ਰਤਾਪ ਸਿੰਘ ਸੰਧੂ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਵੈਨਾਂ ਪਿੰਡ ਪੱਧਰ ’ਤੇ ਜ਼ਿਲ੍ਹੇ ਦੇ 8 ਬਲਾਕਾਂ ਦੇ ਕਿਸਾਨਾਂ ਨੂੰ ਜਾਗਰੂਕ ਕਰਨਗੀਆਂ ਤਾਂ ਜੋ ਸਾਰੇ ਕਿਸਾਨਾਂ ਨੂੰ ਪੰਜਾਬ ਸਰਕਾਰ ਅਤੇ ਨੈਸ਼ਨਲ ਗਰੀਨਲ ਟ੍ਰਿਬਿਊਨਲ ਨਵੀਂ ਦਿੱਲੀ ਦੀਆਂ ਹਦਾਇਤਾਂ ਬਾਰੇ ਜਾਣੂ ਕਰਵਾਇਆ ਜਾ ਸਕੇ। ਉਨ੍ਹਾਂ ਦੱਸਿਆ ਕਿ ਨੈਸ਼ਨਲ ਗਰੀਨ ਟ੍ਰਿਬਿਊਨਲ ਵੱਲੋਂ ਫ਼ਸਲੀ ਰਹਿੰਦ- ਖੂਹੰਦ ਅਤੇ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ’ਤੇ ਪੂਰਨ ਰੂਪ ਵਿਚ ਪਾਬੰਦੀ ਲਗਾ ਦਿੱਤੀ ਗਈ ਹੈ। ਉਲੰਘਣਾ ਕਰਨ ’ਤੇ ਕਾਨੂੰਨੀ ਕਾਰਵਾਈ ਦੇ ਨਾਲ-ਨਾਲ 2500/- ਰੁਪਏ ਤੋਂ ਲੈ ਕੇ 15,000/- ਰੁਪਏ ਤੱਕ ਜੁਰਮਾਨਾ ਵੀ ਕੀਤਾ ਜਾਵੇਗਾ। ਉਨ੍ਹਾਂ ਇਹ ਵੀ ਦੱਸਿਆ ਕਿ ਝੋਨੇ ਨੂੰ ਕੱਟਣ ਵਾਲੀਆਂ ਕੰਬਾਈਨਾਂ ’ਤੇ ਸੁਪਰ ਸਟਰਾਅ ਮੈਨੇਜਮੈਂਟ ਸਿਸਟਮ ਲਗਾਉਣ ਲਈ ਪੰਜਾਬ ਸਰਕਾਰ ਵਲੋਂ ਕੰਬਾਈਨ ਮਾਲਕਾਂ ਨੂੰ 50 ਫ਼ੀਸਦੀ ਸਬਸਿਡੀ ਦਿੱਤੀ ਜਾਣੀ ਹੈ।

ਉਨ੍ਹਾਂ ਦੱਸਿਆ ਕਿ ਅੱਗ ਲਗਾਉਣ ਵਾਲੇ ਕਿਸਾਨਾਂ ’ਤੇ ਚੌਵੀ ਘੰਟੇ ਟਾਸਕ ਫੋਰਸ ਵਲੋਂ ਸੈਟੇਲਾਈਟ ਉਪਗ੍ਰਹਿ ਰਾਹੀਂ ਨਿਗ੍ਹਾ ਰੱਖੀ ਜਾਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਨਾਲ ਪਰਾਲੀ ਵਿਚ ਕੁਦਰਤੀ ਤੱਤ ਜਿਵੇਂ ਕਿ ਨਾਈਟਰੋਜ਼ਨ, ਫਾਸਫੋਰਸ, ਪੋਟਾਸ਼ ਅਤੇ ਹੋਰ ਤੱਤ ਸੜ ਕੇ ਸੁਆਹ ਹੋ ਜਾਂਦੇ ਹਨ। ਜ਼ਮੀਨ ਦੀ ਉਪਜਾਊ ਸ਼ਕਤੀ ਘੱਟਦੀ ਹੈ। ਸੜਕਾਂ ਕਿਨਾਰੇ ਲਗਾਏ ਦਰੱਖਤ ਸੜ ਕੇ ਨਸ਼ਟ ਹੋ ਜਾਂਦੇ ਹਨ। ਪੰਛੀ, ਉਨ੍ਹਾਂ ਦੇ ਆਂਡੇ, ਬੋਟ ਅਤੇ ਜ਼ਮੀਨ ਵਿੱਚਲੇ ਮਿੱਤਰ ਕੀੜੇ, ਜੋ ਕਿ ਦੁਸ਼ਮਣ ਕੀੜਿਆਂ ਤੋਂ ਫ਼ਸਲ ਦੀ ਰੱਖਿਆ ਕਰਨ ਵਿੱਚ ਮਦਦ ਕਰਦੇ ਹਨ, ਅੱਗ ਲੱਗਣ ਨਾਲ ਸੜ ਕੇ ਖਤਮ ਹੋ ਜਾਂਦੇ ਹਨ।

ਉਨ੍ਹਾਂ ਕਿਹਾ ਕਿ ਪਰਾਲੀ ਦੇ ਸੜਨ ਨਾਲ ਪੈਦਾ ਹੋਏ ਧੂੰਏਂ ਵਾਲੀ ਹਵਾ ਵਿੱਚ ਸਾਹ ਲੈਣ ਨਾਲ ਕਈ ਤਰ੍ਹਾਂ ਦੀਆਂ ਬਿਮਾਰੀਆਂ ਲੱਗਦੀਆਂ ਹਨ। ਧੂੰਏਂ ਨਾਲ ਵਾਤਾਵਰਣ ਪ੍ਰਦੂਸ਼ਿਤ ਹੋ ਜਾਂਦਾ ਹੈ ਜੋ ਕਿ ਬੱਚਿਆਂ ਅਤੇ ਵੱਡੀ ਉਮਰ ਦੇ ਇਨਸਾਨਾਂ ਦੀ ਸਿਹਤ ਲਈ ਵਧੇਰੇ ਘਾਤਕ ਸਿੱਧ ਹੁੰਦਾ ਹੈ ਅਤੇ ਕਈ ਵਾਰ ਸੜਕੀ ਹਾਦਸਿਆਂ ਦਾ ਕਾਰਨ ਵੀ ਬਣ ਸਕਦਾ ਹੈ।

ਇਸ ਮੌਕੇ ਮੁੱਖ ਖੇਤੀਬਾੜੀ ਅਫ਼ਸਰ ਸ੍ਰ. ਪ੍ਰਤਾਪ ਸਿੰਘ ਸੰਧੂ ਨੇ ਦੱਸਿਆ ਕਿ ਬੇਲਰ ਮਸ਼ੀਨਾਂ ਨਾਲ ਪਰਾਲੀ ਦੀਆਂ ਗੰਢਾਂ ਬਣਾ ਕੇ ਬਿਜਲੀ ਪੈਦਾ ਕਰਨ ਵਾਲੇ ਪਲਾਂਟਾਂ ਵਿਚ ਭੇਜੀ ਜਾ ਸਕਦੀ ਹੈ। ਇਸ ਤੋਂ ਇਲਾਵਾ ਹੈਪੀ ਸੀਡਰ, ਜ਼ੀਰੋਟਿੱਲ ਡਰਿੱਲ, ਪੈਡੀ ਸਟਰਾਅ ਚੌਪਰ, ਰੋਟਾਵੇਟਰ ਅਤੇ ਮਲਚਰ ਮਸ਼ੀਨਾਂ ਦੀ ਮਦਦ ਨਾਲ ਕਿਸਾਨ ਪਰਾਲੀ ਨੂੰ ਜ਼ਮੀਨ ਵਿਚ ਰਲਾ ਕੇ ਕਿਸਾਨ ਆਲੂ, ਮਟਰ ਅਤੇ ਕਣਕ ਦੀ ਬਿਜਾਈ ਕਰ ਸਕਦੇ ਹਨ। ਇਸ ਮੌਕੇ ਖੇਤੀਬਾੜੀ ਅਫ਼ਸਰ ਚੋਹਲਾ ਸਾਹਿਬ ਡਾ. ਕੁਲਜੀਤ ਸਿੰਘ, ਏ.ਡੀ.ਓ. ਲਖਵਿੰਦਰ ਸਿੰਘ, ਗੁਰਪ੍ਰੀਤ ਸਿੰਘ ਅਤੇ ਗੁਰਭੇਜ ਸਿੰਘ ਮੌਜੂਦ ਸਨ।

-------------------------